# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 17-11-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, 'ਏਕ ਪੇੜ ਮਾਂ ਕੇ ਨਾਮ' ਮੁਹਿੰਮ ਨੂੰ ਸਾਰਥਕ ਬਣਾਉਣ ਵਿੱਚ ਮਦਦ ਕਰਨ ਵਾਲੇ ਸਾਰੇ ਲੋਕਾਂ ਦਾ ਧੰਨਵਾਦ ਕੀਤਾ ਏ। ਸ੍ਰੀ ਮੋਦੀ ਨੇ ਸੋਸ਼ਲ ਮੀਡੀਆ 'ਤੇ ਲੋਕਾਂ ਨੂੰ ਵਾਤਾਵਰਨ ਨੂੰ ਬਚਾਉਣ ਲਈ ਆਪਣੀ ਮਾਂ ਦੇ ਸਨਮਾਨ ਵਿੱਚ ਇੱਕ ਰੁੱਖ ਲਗਾਉਣ ਦੀ ਅਪੀਲ ਕੀਤੀ ।

-----------------------------------------------------------

ਭਾਰਤੀ ਸੰਚਾਰ ਉਪਗ੍ਰਹਿ GSAT-20 ਮੰਗਲਵਾਰ ਨੂੰ ਅਮਰੀਕਾ ਦੇ ਕੇਪ ਕੈਨਾ-ਵੇਰਲ ਤੋਂ ਛਡਿਆ ਜਾਵੇਗਾ । ਇਸ ਨੂੰ ਐਲੋਨ ਮਸਕ ਦੀ ਕੰਪਨੀ ਸਪੇਸ-ਐਕਸ ਦੇ ਪੁਲਾੜ ਵਾਹਨ ਫਾਲਕਨ-9 ਰਾਹੀਂ ਛਡਿਆ ਜਾਵੇਗਾ। ਭਾਰਤੀ ਪੁਲਾੜ ਖੋਜ ਸੰਸਥਾ ਦੇ ਚੇਅਰਮੈਨ ਐੱਸ. ਸੋਮਨਾਥ ਨੇ ਇਹ ਜਾਣਕਾਰੀ ਦੀਦਿਆਂ ਦਸਿਆ

ਕਿ 4 ਹਜ਼ਾਰ 700 ਕਿਲੋਗ੍ਰਾਮ GSAT-20 ਉਪਗ੍ਰਹਿ ਦੇ 14 ਸਾਲਾਂ ਤੱਕ ਕਾਰਜਸ਼ੀਲ ਰਹਿਣ ਦੀ ਉਮੀਦ ਏ। ਇਹ ਦੂਰ-ਦੁਰਾਡੇ ਦੇ ਖੇਤਰਾਂ ਤੱਕ ਕਨੈਕਟੀਵਿਟੀ ਸਮੇਤ ਪੂਰੇ ਭਾਰਤ ਵਿੱਚ ਮਹੱਤਵਪੂਰਨ ਤੌਰ 'ਤੇ ਇੰਟਰਨੈਟ ਸੇਵਾਵਾਂ ਪ੍ਰਦਾਨ ਕਰੇਗਾ, ਜਿਸ ਵਿੱਚ ਦੂਰ-ਦੁਰਾਡੇ ਦੇ ਖੇਤਰਾਂ ਨਾਲ ਸੰਪਰਕ ਵੀ ਸ਼ਾਮਲ ਏ। GSAT-20, ਜਿਸਨੂੰ GSAT N-2 ਵੀ ਕਿਹਾ ਜਾਂਦਾ ਏ, ਭਾਰਤ ਦੇ ਹੁਣ ਤੱਕ ਦੇ ਸਭ ਤੋਂ ਭਾਰੀ ਉਪਗ੍ਰਹਿਆਂ ਵਿੱਚੋਂ ਇੱਕ ਏ, ਜਿਸਨੂੰ ਸਪੇਸ-ਐਕਸ ਨੂੰ ਪੁਲਾੜ ਵਿੱਚ ਲਿਜਾਣ ਲਈ ਚੁਣਿਆ ਗਿਆ ਏ।

---

ਭਾਰਤ ਸਰਕਾਰ ਦੇ ਆਵਾਜ਼ ਤੇ ਸ਼ਹਿਰੀ ਵਿਕਾਸ ਮੰਤਰਾਲੇ ਦੇ ਜੁਆਇੰਟ ਸਕੱਤਰ ਰਾਹੁਲ ਕਪੂਰ ਨੇ ਖਰੜ 'ਚ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਡੇ-ਨੂਲਮ ਅਤੇ ਪੀ.ਐਮ ਸਵੈ-ਨਿਧੀ ਸਬੰਧੀ ਨਗਰ ਕੌਂਸਲ ਖਰੜ ਵੱਲੋ ਲਾਏ ਕੈਂਪ ਦਾ ਜਾਇਜ਼ਾ ਲਿਆ। ਉਨ੍ਹਾਂ ਯੋਜਨਾਵਾਂ ਦੀ ਪ੍ਰਗਤੀ ਬਾਰੇ ਜਾਣਕਾਰੀ ਵੀ ਹਾਸਿਲ ਕੀਤੀ ਤਾਂ ਜੋ ਭਵਿੱਖ ਵਿੱਚ ਹੋਰ ਸੁਧਾਰਾਂ ਦੀ ਗੁੰਜਾਇਸ਼ ਬਾਰੇ ਵਿਚਾਰ ਕੀਤਾ ਜਾ ਸਕੇ। ਉਨ੍ਹਾਂ ਦਸਿਆ

ਕਿ ਇਹ ਯੋਜਨਾਵਾਂ ਸ਼ਹਿਰੀ ਖੇਤਰਾਂ ਲਈ ਨੇ ਅਤੇ ਸ਼ਹਿਰੀ ਗਰੀਬ ਲੋਕਾਂ ਖਾਸਕਰ ਔਰਤਾਂ ਨੂੰ ਸ਼ਸ਼ਕਤ ਕਰਨ ਲਈ ਕੇਂਦਰ ਸਰਕਾਰ ਲਗਾਤਾਰ ਯਤਨ ਕਰ ਰਹੀ ਏ । ਖਰੜ, ਮੁਹਾਲੀ ਤੋ ਸ਼ੁਰੂਆਤ ਮਗਰੋਂ, ਉਹ ਪੰਜਾਬ ਦੇ ਹੋਰਨਾ ਜਿਲਿਆਂ 'ਚ ਵੀ ਜਾ ਰਹੇ ਨੇ। ਇਸ ਮੌਕੇ ਮੁਹਾਲੀ ਦੇ ਵਧੀਕ ਡਿਪਟੀ ਕਮੀਸ਼ਨਰ ਵਿਰਾਜ ਐਸ. ਤਿੜਕੇ ਅਤੇ ਐਸ ਡੀ ਐਮ ਗੁਰਮੰਦਰ ਸਿੰਘ ਵੀ ਮੌਜੂਦ ਰਹੇ। ਇਸ ਕੈਂਪ ਵਿੱਚ ਨਗਰ ਕੌਂਸਲ ਨੇ ਡੇ-ਨੂਲਮ ਯੋਜਨਾ ਤਹਿਤ ਔਰਤਾਂ ਦੇ ਸਵੈ ਸਹਾਇਤਾ ਸਮੂਹਾਂ ਵੱਲੋ ਤਿਆਰ ਸਮਾਨ ਅਤੇ ਖਰੜ ਦੀ ਸੈਨੀਟੇਸ਼ਨ ਸ਼ਾਖਾ ਵੱਲੋਂ ਜੈਵਿਕ ਖਾਦ ਦੀ ਸਟਾਲ ਲਗਾਈ ਗਈ। ਮੁੱਖ ਮਹਿਮਾਨ ਵੱਲੋ ਪੀ.ਐਮ ਸਵੈ-ਨਿਧੀ ਯੋਜਨਾਵਾਂ ਦੇ ਲਾਭਪਾਤਰੀਆਂ ਨਾਲ ਗੱਲਬਾਤ ਅਤੇ ਸਟਾਲਾਂ ਤੇ ਜਾ ਕੇ ਔਰਤਾਂ ਵਲੋ ਬਣਾਈਆਂ ਵਸਤਾਂ ਵੀ ਵੇਖੀਆਂ।

---------------------------------------------------

ਬੀਤੇ ਦਿਨੀ ਮੁੰਬਈ ਵਿਚ ਰਾਜਨੇਤਾ ਬਾਬਾ ਸਿੱਦੀਕੀ ਦੇ ਹੋਏ ਕਤਲ ਮਾਮਲੇ ਵਿੱਚ, ਪੰਜਾਬ ਪੁਲਿਸ ਦੇ ਗੈਂਗਸਟਰ ਵਿਰੋਧੀ ਕਾਰਜ ਬਲ ਨੇ, ਮਹਾਰਾਸ਼ਟਰ ਪੁਲਿਸ ਦੇ ਨਾਲ ਇੱਕ ਸਾਂਝੇ ਆਪ੍ਰੇਸ਼ਨ

ਵਿੱਚ, ਫਾਜ਼ਿਲਕਾ ਵਾਸੀ ਆਕਾਸ਼ ਗਿੱਲ ਨਾਂ ਦੇ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦੱਸਿਆ ਕੇ ਮੁਢਲੀ ਜਾਂਚ ਤੋਂ ਪਤਾ ਚੱਲਿਆ ਏ ਕਿ ਗ੍ਰਿਫਤਾਰ ਮੁਲਜ਼ਮ ਲਾਰੈਂਸ ਬਿਸ਼ਨੋਈ ਗੈਂਗ ਦਾ ਸਾਥੀ ਏ ਅਤੇ ਬਾਬਾ ਸਿੱਦੀਕੀ ਦੇ ਕਤਲ ਵਿੱਚ ਸ਼ਾਮਲ ਸ਼ੂਟਰਾਂ ਨੂੰ ਮਾਲੀ ਸਹਾਇਤਾ ਪ੍ਰਦਾਨ ਕਰ ਰਿਹਾ ਸੀ। ਇਸਨੂੰ ਮੁੰਬਈ ਪੁਲਿਸ ਦੇ ਹਵਾਲੇ ਕਰ ਦਿੱਤਾ ਗਿਆ ਏ।

------------------------------------------------------------

SAS ਨਗਰ ਪੁਲਿਸ ਨੇ ਸ਼ਾਹਰਾਹ ਲੁਟੇਰੇ ਗਿਰੋਹ ਦੇ ਸਰਗਨਾ ਸਤਪ੍ਰੀਤ ਸਿੰਘ ਉਰਫ ਸੱਤੀ ਨੂੰ ਪਿੰਡ ਲੇਹਲੀ ਨੇੜੇ ਨੇੜਿਓਂ ਗ੍ਰਿਫਤਾਰ ਕੀਤਾ ਏ। ਇਸ ਗਿਰੋਹ ਨੇ ਅੰਬਾਲਾ ਤੇ ਡੇਰਾਬੱਸੀ ਸ਼ਾਹਰਾਹ 'ਤੇ ਵਾਹਨਾਂ ਨਾਲ ਲੁਟਾਂ ਖੋਹਾਂ ਕੀਤੀਆਂ ਅਤੇ ਪੰਜਾਬ ਅਤੇ ਹਰਿਆਣਾ ਵਿੱਚ ਕਈ ਹਥਿਆਰਬੰਦ ਲੁੱਟਾਂ-ਖੋਹਾਂ ਵਿੱਚ ਸ਼ਾਮਲ ਸੀ, ਜਿਸ ਵਿੱਚ 3 ਅਤੇ 10 ਨਵੰਬਰ ਨੂੰ ਦੇਰ ਰਾਤ ਦੀਆਂ ਦੋ ਘਟਨਾਵਾਂ ਸ਼ਾਮਲ ਸਨ, ਜਿੱਥੇ ਇਸ ਗਿਰੋਹ ਵਲੋਂ ਬੰਦੂਕ ਵਿਖਾ ਕੇ ਨਕਦੀ, ਮੋਬਾਈਲ ਫੋਨ ਅਤੇ ਸੋਨੇ ਦੇ ਗਹਿਣੇ ਲੁੱਟੇ ਗਏ ਸਨ। ਸੂਤਰਾਂ ਤੋਂ ਮਿਲੀ ਜਾਣਕਾਰੀ

ਮੁਤਾਬਿਕ ਪੁਲਿਸ ਨੇ ਇਨਾ ਦੇ ਕਬਜ਼ੇ ਵਿਚੋਂ 32 ਬੋਰ ਦੀ ਪਿਸਤੌਲ ਅਤੇ 5 ਅਣਚੱਲੇ ਕਾਰਤੂਸ ਬਰਾਮਦ ਕੀਤੇ ਨੇ। ਮੁਲਜ਼ਮ 'ਤੇ ਦੋ ਮਾਮਲੇ ਦਰਜ ਨੇ ਅਤੇ ਉਸਦੇ ਸਾਥੀਆਂ ਦੀ ਪਛਾਣ ਕਰਨ ਅਤੇ ਗ੍ਰਿਫਤਾਰ ਕਰਨ ਲਈ ਜਾਂਚ ਜਾਰੀ ਏ।

--------------------------------------------------

ਫਾਜ਼ਿਲਕਾ ਦੇ ਜਿਲ੍ਹਾ ਮੈਜਿਸਟਰੇਟ ਅਮਰਪ੍ਰੀਤ ਕੌਰ ਸੰਧੂ ਨੇ ਜ਼ਿਲੇ ਵਿੱਚ ਚੱਲ ਰਹੇ ਮੈਰਿਜ ਪੈਲਸਾਂ ਵਿੱਚ ਹਥਿਆਰ ਲੈ ਕੇ ਆਉਣ ਅਤੇ ਫਾਇਰ ਕਰਨ ਤੇ ਪੂਰਨ ਤੌਰ ਤੇ ਪਾਬੰਦੀ ਲਗਾਈ ਏ ਤਾਂ ਜੋ ਅਣਸੁਖਾਵੀ ਘਟਨਾਵਾਂ ਨੂੰ ਵਾਪਰਣ ਤੋਂ ਰੋਕਿਆ ਜਾ ਸਕੇ। ਇਹ ਹੁਕਮ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ ਦੀ ਧਾਰਾ 163 ਅਧੀਨ ਜਾਰੀ ਕੀਤੇ ਜ਼ਿਲ੍ਹਾ ਮੈਜਿਸਟਰੇਟ ਨੇ ਦੱਸਿਆ ਕਿ ਉਨ੍ਹਾਂ ਦੇ ਧਿਆਨ ਵਿੱਚ ਆਇਆ ਏ, ਜ਼ਿਲ੍ਹੇ ਵਿੱਚ ਚੱਲ ਰਹੇ ਮੈਰਿਜ ਪੈਲਸਾਂ ਵਿੱਚ ਹੋਣ ਵਾਲੇ ਸਮਾਗਮਾਂ ਦੌਰਾਨ ਕਈ ਲੋਕਾਂ ਵੱਲੋਂ ਹਥਿਆਰ ਲੈ ਕੇ ਜਾਣ ਅਤੇ ਹਵਾਈ ਫਾਇਰ ਕਰਨਾ ਇਕ ਫੈਸ਼ਨ ਬਣ ਗਿਆ ਏ, ਜਿਸ ਨਾਲ ਕਈ ਵਾਰ ਅਣਸੁਖਾਵੀ ਘਟਨਾ ਵਾਪਰਨ ਦੀ ਸੰਭਾਵਨਾ ਬਣੀ ਰਹਿੰਦੀ ਏ। ਇਹ ਹੁਕਮ ਤੁਰੰਤ

ਲਾਗੂ ਹੋ ਗਏ ਨੇ ਜੋ 31 ਦਸੰਬਰ ਤੱਕ ਲਾਗੂ ਰਹਿਣਗੇ। ਇਹਨਾਂ ਹੁਕਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ।

-----------------------------------------------------------

ਪੰਜਾਬ ਅਤੇ ਚੰਡੀਗੜ੍ਹ ਦੇ ਤਾਪਮਾਨ ਵਿੱਚ ਗਿਰਾਵਟ ਜਾਰੀ ਏ। ਪਹਾੜਾਂ 'ਚ ਹੋਈ ਬਾਰਿਸ਼ ਤੋਂ ਬਾਅਦ ਪੰਜਾਬ ਅਤੇ ਚੰਡੀਗੜ੍ਹ ਦੇ ਮੈਦਾਨੀ ਇਲਾਕਿਆਂ 'ਚ ਤਾਪਮਾਨ ਠੰਡਾ ਹੁੰਦਾ ਜਾ ਰਿਹਾ ਏ। ਮੌਸਮ ਵਿਭਾਗ ਮੁਤਾਬਿਕ ਉੱਤਰੀ ਭਾਰਤ ਵਿੱਚ ਪੱਛਮੀ ਗੜਬੜੀ ਸਰਗਰਮ ਏ, ਜਿਸ ਕਾਰਨ ਪਹਾੜਾਂ ਵਿੱਚ ਬਰਫ਼ਬਾਰੀ ਹੋ ਰਹੀ ਏ ਅਤੇ ਮੈਦਾਨੀ ਇਲਾਕਿਆਂ ਵਿੱਚ ਤਾਪਮਾਨ ਡਿੱਗ ਰਿਹਾ ਏ। ਬੀਤੇ ਦਿਨ ਅੰਮ੍ਰਿਤਸਰ ਵਿੱਚ ਮੀਂਹ ਵੀ ਪਿਆ। ਮੌਸਮ ਵਿਭਾਗ ਮੁਤਾਬਕ ਪੰਜਾਬ ਦੇ 14 ਜ਼ਿਲ੍ਹਿਆਂ ਅੰਮ੍ਰਿਤਸਰ, ਤਰਨਤਾਰਨ, ਕਪੂਰਥਲਾ, ਜਲੰਧਰ, ਫ਼ਿਰੋਜ਼ਪੁਰ, ਫ਼ਾਜ਼ਿਲ ਕਾ, ਫ਼ਰੀਦਕੋਟ, ਮੋਗਾ, ਬਠਿੰਡਾ, ਲੁਧਿਆਣਾ, ਬਰਨਾਲਾ, ਮਾਨਸਾ ਅਤੇ ਸੰਗਰੂਰ ਵਿੱਚ ਧੁੰਦ ਨੂੰ ਲੈ ਕੇ ਯੈਲੋ ਅਲਰਟ ਜਾਰੀ ਕੀਤਾ ਗਿਆ ਏ।

-----------------------------------------------------------

ਪੰਜਾਬ ਦੇ ਭਾਸ਼ਾ ਵਿਭਾਗ ਵਲੋਂ ਪੰਜਾਬੀ ਪ੍ਰਬੋਧ ਪ੍ਰੀਖਿਆ 8 ਦਸੰਬਰ ਨੂੰ

ਲਈ ਜਾਵੇਗੀ। ਭਾਸ਼ਾ ਵਿਭਾਗ ਡਾਇਰੈਕਟਰ ਦੇ ਦਫ਼ਤਰ ਵੱਲੋਂ ਜਾਰੀ ਕੀਤੀ ਗਈ ਸੂਚਨਾ ਅਨੁਸਾਰ ਇਸ ਪ੍ਰੀਖਿਆ ਲਈ ਫਾਰਮ ਜਮ੍ਹਾਂ ਕਰਵਾਉਣ ਦੀ ਆਖਰੀ ਤਰੀਕ 2 ਦਸੰਬਰ ਹੋਵੇਗੀ। ਪਹਿਲਾਂ ਦੀ ਤਰ੍ਹਾਂ ਇਹ ਪ੍ਰੀਖਿਆ ਵਿਭਾਗ ਦੇ ਮੁੱਖ ਦਫ਼ਤਰ ਪਟਿਆਲਾ ਵਿਖੇ ਹੋਵੇਗੀ। ਇਸ ਪ੍ਰੀਖਿਆ ਦੀ ਫ਼ੀਸ 2000 ਰੁਪਏ ਹੋਵੇਗੀ ਜੋ ਕਿ ਨਕਦ ਵਸੂਲ ਕੀਤੀ ਜਾਵੇਗੀ। ਪ੍ਰੀਖਿਆ ਲਈ ਫਾਰਮ ਜਮ੍ਹਾਂ ਕਰਵਾਉਣ ਵਾਲੇ ਉਮੀਦਵਾਰ ਆਪਣੇ ਨਾਲ 10ਵੀਂ, 12ਵੀਂ ਅਤੇ ਗ੍ਰੈਜੂਏਸ਼ਨ ਦੇ ਅਸਲ ਸਰਟੀਫਿਕੇਟ ਅਤੇ ਇਨ੍ਹਾਂ ਦੀਆਂ ਤਸਦੀਕਸ਼ੁਦਾ ਕਾਪੀਆਂ ਆਪਣੇ ਨਾਲ ਲਿਆਉਣ। ਪ੍ਰੀਖਿਆ ਸਬੰਧੀ ਵਧੇਰੇ ਜਾਣਕਾਰੀ ਲਈ, ਦਫ਼ਤਰ ਦੇ ਫ਼ੋਨ ਨੰਬਰ 0175-2214469 ਤੇ ਸੰਪਰਕ ਕੀਤਾ ਜਾ ਸਕਦਾ ਏ।